# ਦਫਤਰ ਜ਼ਿਲ੍ਹਾ ਮੈਜਿਸਟਰੇਟ, ਅੰਮ੍ਰਿਤਸਰ।

## ਹੁਕਮ

ਵਿਸ਼ਾ: ਕੋਵਿਡ ਕੇਅਰ ਸੈਂਟਰ ਲਈ ਜਗ੍ਹਾ ਮੁਹੱਈਆ ਕਰਨ ਬਾਰੇ।

ਉਪਰੋਕਤ ਵਿਸ਼ੇ ਦੇ ਸਬੰਧ ਵਿਚ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ ਜੀ ਵੱਲੋਂ ਅੱਧ ਸਰਕਾਰੀ ਪੱਤਰ ਨੰਬਰ PA/PSHFW/2020/49 ਮਿਤੀ 31.03.2020 ਰਾਹੀਂ ਪ੍ਰਾਪਤ ਹੋਈਆਂ ਹਦਾਇਤਾਂ ਦੀ ਪਾਲਣਾਂ ਕਰਦਿਆਂ ਹੋਇਆਂ ਮੈਂ ਸ਼ਿਵਦੁਲਾਰ ਸਿੰਘ ਢਿੱਲੋਂ, ਆਈ.ਏ.ਐਸ., ਜਿਲ੍ਹਾ ਮੈਜਿਸਟਰੇਟ, ਅੰਮ੍ਰਿਤਸਰ The Punjab Epidemic Disease, Act COVID-19, Regulation, 2020 ਵਿੱਚ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੋਇਆਂ ਕੋਵਿਡ-19 ਤੋਂ ਪ੍ਰਭਾਵਿਤ ਲੋਕਾਂ ਲਈ ਮੈਰੀਟੋਰੀਅਸ ਸਕੂਲ, ਗਲੋਬਲ ਇੰਸਟੀਚਿਊਟ ਅਤੇ ਅੰਮ੍ਰਿਤਸਰ ਕਾਲਜ ਆਫ ਇੰਜੀਨੀਅਰਿੰਗ ਦੇ ਹੋਸਟਲ ਕੈਂਪਸ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦਾ ਹੋਸਟਲ ਨੰਬਰ 1,2,3,4 (ਕੁੜੀਆਂ), ਹੋਸਟਲ ਨੰਬਰ 1,2,3 (ਮੁੰਡਿਆਂ) ਸਮੇਤ ਐਚ.ਆਰ.ਡੀ. ਹੋਸਟਲ ਵਿਖੇ ਕੋਵਿਡ ਕੇਅਰ ਸੈਂਟਰ ਸਥਾਪਿਤ ਕੀਤੇ ਜਾਣ ਦਾ ਹੁਕਮ ਕਰਦਾ ਹਾਂ ਤਾਂ ਜੋ ਲੋੜ ਪੈਣ ਤੇ ਇਹਨਾਂ ਥਾਵਾਂ ਦੀ ਵਰਤੋਂ ਕੋਵਿਡ-19 ਮਹਾਂਮਾਰੀ ਨੂੰ ਫੈਲਣ ਤੋਂ ਰੋਕਣ ਲਈ ਕੀਤੀ ਜਾ ਸਕੇ। ਇਸ ਮੰਤਵ ਲਈ ਸਬੰਧਤ ਰਜਿਸਟਰਾਰ ਅਤੇ ਪ੍ਰਿੰਸੀਪਲ ਨੂੰ ਨਿਰਦੇਸ਼ ਦਿੱਤੇ ਜਾਂਦੇ ਹਨ ਕਿ ਉਹਨਾਂ ਵੱਲੋਂ ਆਪਣੇ-ਆਪਣੇ ਸਕੂਲ/ਕਾਲਜ/ਇਸਟੀਚਿਊਟ ਦੇ ਉਕਤ ਹੋਸਟਲ ਕੈਂਪਸ, ਕੋਵਿਡ ਕੇਅਰ ਸੈਂਟਰ ਸਥਾਪਿਤ ਕਰਵਾਉਣ ਲਈ ਖਾਲੀ ਕਰਵਾਕੇ ਅੱਜ ਸ਼ਾਮ ਤੱਕ ਉਪ ਮੰਡਲ ਮੈਜਿਸਟਰੇਟ, ਅੰਮ੍ਰਿਤਸਰ-2 ਨੂੰ ਉਪਲੱਬਧ ਕਰਵਾਏ ਜਾਣ ਤਾਂ ਜੋ ਅਗਲੇਰੀ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।

ਉਪ ਮੰਡਲ ਮੈਜਿਸਟਰੇਟ, ਅੰਮ੍ਰਿਤਸਰ-2 ਵੱਲੋਂ ਇਹਨਾਂ ਹੁਕਮਾਂ ਦੀ ਪਾਲਣਾਂ ਯਕੀਨੀ ਬਣਾਈ ਜਾਵੇਗੀ।

-ਸਹੀ -
ਜ਼ਿਲ੍ਹਾ ਮੈਜਿਸਟਰੇਟ,
ਅੰਮ੍ਰਿਤਸਰ।

ਪਿੰਠ ਅੰਕਣ ਨੰ: ਕੋਵਿਡ-19/410-423 ਮਿਤੀ: 10/4/2020

ਇਸਦਾ ਇਕ ਉਤਾਰਾ:-

1. ਵਾਈਸ ਚਾਂਸਲਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ,
2. ਕਮਿਸ਼ਨਰ ਪੁਲਿਸ, ਅੰਮ੍ਰਿਤਸਰ (ਸ਼ਹਿਰ),
3. ਕਮਿਸ਼ਨਰ, ਨਗਰ ਨਿਗਮ, ਅੰਮ੍ਰਿਤਸਰ,
4. ਸੀਨੀਅਰ ਪੁਲਿਸ ਕਪਤਾਨ, ਅੰਮ੍ਰਿਤਸਰ (ਦਿਹਾਤੀ),
5. ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ- ਨੋਡਲ ਅਫਸਰ, ਕੋਵਿਡ ਕੇਅਰ ਸੈਂਟਰ,
6. ਜਿਲ੍ਹਾ ਸਿੱਖਿਆ ਅਫਸਰ (ਸੰਕੈ:), ਅੰਮ੍ਰਿਤਸਰ,
7. ਉਪ ਮੰਡਲ ਮੈਜਿਸਟਰੇਟ, ਅੰਮ੍ਰਿਤਸਰ-2,
8. ਰਜਿਸਟ੍ਰਾਰ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ,
9. ਪ੍ਰਿੰਸੀਪਲ, ਗਲੋਬਲ ਇੰਸਟੀਚਿਊਟ, ਬਟਾਲਾ ਰੋਡ, ਅੰਮ੍ਰਿਤਸਰ,
10. ਪ੍ਰਿੰਸੀਪਲ, ਅੰਮ੍ਰਿਤਸਰ ਇੰਜੀਨੀਅਰ ਕਾਲਜ ਤੇ ਟੈਕਨੋਲੋਜੀ, ਮਾਨਾਵਾਲਾ, ਅੰਮ੍ਰਿਤਸਰ,
11. ਪ੍ਰਿੰਸੀਪਲ, ਮੈਰੀਟੋਰੀਅਸ ਸਕੂਲ, ਅੰਮ੍ਰਿਤਸਰ

ਨੂੰ ਸੂਚਨਾ ਅਤੇ ਤੁਰੰਤ ਪਾਲਣਾਂ ਹਿੱਤ ਭੇਜਿਆ ਜਾਂਦਾ ਹੈ।

ਜ਼ਿਲ੍ਹਾ ਮੈਜਿਸਟਰੇਟ,
ਅੰਮ੍ਰਿਤਸਰ।

Scanned with CamScanner